ਸੋਰਠਿ ਮਹਲਾ ੫ ਘਰੁ ੧ ॥ ਜਾ ਕੈ ਹਿਰਦੈ ਵਸਿਆ ਤੂ ਕਰਤੇ ਤਾ ਕੀ ਤੈਂ ਆਸ ਪੁਜਾਈ ॥ ਦਾਸ ਅਪੁਨੇ ਕਉ ਤੂ ਵਿਸਰਹਿ ਨਾਹੀ ਚਰਣ ਧੂਰਿ ਮਨਿ ਭਾਈ ॥੧॥ ਤੇਰੀ ਅਕਥ ਕਥਾ ਕਥਨੁ ਨ ਜਾਈ ॥ ਗੁਣ ਨਿਧਾਨ ਸੁਖਦਾਤੇ ਸੁਆਮੀ ਸਭ ਤੇ ਊਚ ਬਡਾਈ ॥ ਰਹਾਉ ॥ ਸੋ ਸੋ ਕਰਮ ਕਰਤ ਹੈ ਪ੍ਰਾਣੀ ਜੈਸੀ ਤੁਮ ਲਿਖਿ ਪਾਈ ॥ ਸੇਵਕ ਕਉ ਤੁਮ ਸੇਵਾ ਦੀਨੀ ਦਰਸਨੁ ਦੇਖਿ ਅਘਾਈ ॥ ੨॥ ਸਰਬ ਨਿਰੰਤਰਿ ਤੁਮਹਿ ਸਮਾਨੇ ਜਾ ਕਉ ਤੁਧੁ ਆਪਿ ਬੁਝਾਈ ॥ ਗੁਰ ਪਰਸਾਦਿ ਮਿਟਿਓ ਅਗਿਆਨਾ ਪ੍ਰਗਟ ਭਏ ਸਭ ਠਾਈ ॥੩॥ ਸੋਈ ਗਿਆਨੀ ਸੋਈ ਧਿਆਨੀ ਸੋਈ ਪੁਰਖੁ ਸੁਭਾਈ ॥ ਕਹੁ ਨਾਨਕ ਜਿਸੁ ਭਏ ਦਇਆਲਾ ਤਾ ਕਉ ਮਨ ਤੇ ਬਿਸਰਿ ਨ ਜਾਈ ॥੪॥੮॥ {ਪੰਨਾ 610}

ਪਦਅਰਥ:- ਜਾ ਕੈ ਹਿਰਦੈ—ਜਿਸ ਦੇ ਹਿਰਦੇ ਵਿਚ। ਕਰਤੇ—ਹੇ ਕਰਤਾਰ! ਤੈਂ—{ਲਫ਼ਜ਼ 'ਤੂ' ਅਤੇ 'ਤੈਂ' ਦਾ ਫ਼ਰਕ ਚੇਤੇ ਰੱਖੋ। ਕੌਣ ਵੱਸਿਆ? ਤੂੰ। ਕਿਸ ਨੇ ਪੁਜਾਈ? ਤੈਂ}। ਕਉ—ਨੂੰ। ਮਨਿ—ਮਨ ਵਿਚ। ਭਾਈ—ਪਿਆਰੀ ਲੱਗਦੀ ਹੈ।1।

ਅਕਥ—ਅ-ਕੱਥ, ਜੋ ਬਿਆਨ ਨਹੀਂ ਹੋ ਸਕਦੀ। ਗੁਣ ਨਿਧਾਨ—ਹੇ ਗੁਣਾਂ ਦੇ ਖ਼ਜ਼ਾਨੇ! ਸਭ ਤੇ—ਸਭਨਾਂ ਤੋਂ। ਰਹਾਉ।

ਲਿਖਿ—ਲਿਖ ਕੇ। ਦੇਖਿ—ਵੇਖ ਕੇ। ਅਘਾਈ—ਰੱਜ ਜਾਂਦਾ ਹੈ।2।

ਨਿਰੰਤਰਿ—{ਨਿਰ-ਅੰਤਰ। ਅੰਤਰੁ-ਵਿੱਥ} ਵਿੱਥ ਤੋਂ ਬਿਨਾਂ, ਇਕ-ਰਸ। ਤੁਮਹਿ—ਤੂੰ ਹੀ। ਬੁਝਾਈ—ਸਮਝ ਦੇ ਦਿੱਤੀ। ਪਰਸਾਦਿ—ਕਿਰਪਾ ਨਾਲ। ਸਭ ਠਾਈ—ਸਭ ਥਾਈਂ।3।

ਗਿਆਨੀ—ਗਿਆਨਵਾਨ। ਧਿਆਨੀ—ਸੁਰਤਿ ਜੋੜਨ ਵਾਲਾ। ਸੁਭਾਈ—ਸ੍ਰੇਸ਼ਟ ਪ੍ਰੇਮ ਵਾਲਾ। ਮਨ ਤੇ—ਮਨ ਤੋਂ।4।

ਅਰਥ:- ਹੇ ਸਾਰੇ ਗੁਣਾਂ ਦੇ ਖ਼ਜ਼ਾਨੇ! ਹੇ ਸੁਖ ਦੇਣ ਵਾਲੇ ਮਾਲਕ! ਤੇਰੀ ਵਡਿਆਈ ਸਭ ਤੋਂ ਉੱਚੀ ਹੈ (ਤੂੰ ਸਭਨਾਂ ਤੋਂ ਵੱਡਾ ਹੈਂ)। ਤੂੰ ਕਿਹੋ ਜਿਹਾ ਹੈਂ, ਕੇਡਾ ਵੱਡਾ ਹੈਂ—ਇਹ ਗੱਲ ਬਿਆਨ ਨਹੀਂ ਕੀਤੀ ਜਾ ਸਕਦੀ। ਰਹਾਉ।

ਹੇ ਕਰਤਾਰ! ਜਿਸ ਮਨੁੱਖ ਦੇ ਹਿਰਦੇ ਵਿਚ ਤੂੰ ਆ ਵੱਸਦਾ ਹੈਂ, ਉਸ ਦੀ ਤੂੰ ਹਰੇਕ ਆਸ ਪੂਰੀ ਕਰ ਦੇਂਦਾ ਹੈਂ। ਆਪਣੇ ਸੇਵਕ ਨੂੰ ਤੂੰ ਕਦੇ ਨਹੀਂ ਵਿੱਸਰਦਾ (ਤੇਰਾ ਸੇਵਕ ਤੈਨੂੰ ਕਦੇ ਨਹੀਂ ਭੁਲਾਂਦਾ), ਉਸ ਦੇ ਮਨ ਵਿਚ ਤੇਰੇ ਚਰਨਾਂ ਦੀ ਧੂੜ ਪਿਆਰੀ ਲੱਗਦੀ ਹੈ।1।

(ਪਰ, ਹੇ ਪ੍ਰਭੂ!) ਜੀਵ ਉਹੀ ਉਹੀ ਕਰਮ ਕਰਦਾ ਹੈ ਜਿਹੋ ਜਿਹੀ (ਆਗਿਆ) ਤੂੰ (ਉਸ ਦੇ ਮੱਥੇ ਤੇ) ਲਿਖ ਕੇ ਰੱਖ ਦਿੱਤੀ ਹੈ। ਆਪਣੇ ਸੇਵਕ ਨੂੰ ਤੂੰ ਆਪਣੀ ਸੇਵਾ-ਭਗਤੀ ਦੀ ਦਾਤਿ ਬਖ਼ਸ਼ੀ ਹੋਈ ਹੈ, (ਉਹ ਸੇਵਕ) ਤੇਰਾ ਦਰਸਨ ਕਰ ਕੇ ਰੱਜਿਆ ਰਹਿੰਦਾ ਹੈ।2।

ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਆਪ ਸਮਝ ਬਖ਼ਸ਼ਦਾ ਹੈਂ, ਉਸ ਨੂੰ ਤੂੰ ਸਾਰੇ ਹੀ ਜੀਵਾਂ ਦੇ ਅੰਦਰ ਇਕ-ਰਸ ਸਮਾਇਆ ਦਿੱਸਦਾ ਹੈਂ। ਗੁਰੂ ਦੀ ਕਿਰਪਾ ਨਾਲ (ਉਸ ਮਨੁੱਖ ਦੇ ਅੰਦਰੋਂ) ਅਗਿਆਨਤਾ (ਦਾ ਹਨੇਰਾ) ਮਿਟ ਜਾਂਦਾ ਹੈ, ਉਸ ਦੀ ਸੋਭਾ ਸਭ ਥਾਈਂ ਪਸਰ ਜਾਂਦੀ ਹੈ।3।

ਹੇ ਨਾਨਕ! ਆਖ—ਉਹੀ ਮਨੁੱਖ ਗਿਆਨਵਾਨ ਹੈ, ਉਹੀ ਮਨੁੱਖ ਸੁਰਤਿ-ਅੱਭਿਆਸੀ ਹੈ, ਉਹੀ ਮਨੁੱਖ ਪਿਆਰ-ਸੁਭਾਵ ਵਾਲਾ ਹੈ, ਜਿਸ ਮਨੁੱਖ ਉੱਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ। ਉਸ ਮਨੁੱਖ ਨੂੰ ਪਰਮਾਤਮਾ ਮਨ ਤੋਂ ਕਦੇ ਭੀ ਨਹੀਂ ਭੁੱਲਦਾ।4।8।